# TODAY'S HUKAMNAMA FROM SRI DARBAR SAHIB
## Sri Amritsar.
### [July 2, 2013 Tuesday 04:30 AM. IST]

ੴ ਸਤਿਗੁਰ ਪ੍ਰਸਾਦਿ ॥

ਆਸਾ ਛੰਤ ਮਹਲਾ ੪ ਘਰੁ ੨ ॥

ਹਰਿ ਹਰਿ ਕਰਤਾ ਦੂਖ ਬਿਨਾਸਨੁ ਪਤਿਤ ਪਾਵਨੁ ਹਰਿ ਨਾਮੁ ਜੀਉ ॥ ਹਰਿ ਸੇਵਾ ਭਾਈ ਪਰਮ ਗਤਿ ਪਾਈ ਹਰਿ ਊਤਮੁ ਹਰਿ ਹਰਿ ਕਾਮੁ ਜੀਉ ॥ ਹਰਿ ਊਤਮੁ ਕਾਮੁ ਜਪੀਐ ਹਰਿ ਨਾਮੁ ਹਰਿ ਜਪੀਐ ਅਸਥਿਰੁ ਹੋਵੈ ॥ ਜਨਮ ਮਰਣ ਦੋਵੈ ਦੁਖ ਮੇਟੇ ਸਹਜੇ ਹੀ ਸੁਖਿ ਸੋਵੈ ॥ ਹਰਿ ਹਰਿ ਕਿਰਪਾ ਧਾਰਹੁ ਠਾਕੁਰ ਹਰਿ ਜਪੀਐ ਆਤਮ ਰਾਮੁ ਜੀਉ ॥ ਹਰਿ ਹਰਿ ਕਰਤਾ ਦੂਖ ਬਿਨਾਸਨੁ ਪਤਿਤ ਪਾਵਨੁ ਹਰਿ ਨਾਮੁ ਜੀਉ ॥੧॥ ਹਰਿ ਨਾਮੁ ਪਦਾਰਥੁ ਕਲਿਜੁਗਿ ਊਤਮੁ ਹਰਿ ਜਪੀਐ ਸਤਿਗੁਰ ਭਾਇ ਜੀਉ ॥ ਗੁਰਮੁਖਿ ਹਰਿ ਪੜੀਐ ਗੁਰਮੁਖਿ ਹਰਿ ਸੁਣੀਐ ਹਰਿ ਜਪਤ ਸੁਣਤ ਦੁਖੁ ਜਾਇ ਜੀਉ ॥ ਹਰਿ ਹਰਿ ਨਾਮੁ ਜਪਿਆ ਦੁਖੁ ਬਿਨਸਿਆ ਹਰਿ ਨਾਮੁ ਪਰਮ ਸੁਖੁ ਪਾਇਆ ॥ ਸਤਿਗੁਰ ਗਿਆਨੁ ਬਲਿਆ ਘਟਿ ਚਾਨਣੁ ਅਗਿਆਨੁ ਅੰਧੇਰੁ ਗਵਾਇਆ ॥ ਹਰਿ ਹਰਿ ਨਾਮੁ ਤਿਨੀ ਆਰਾਧਿਆ ਜਿਨ ਮਸਤਕਿ ਧੁਰਿ ਲਿਖਿ ਪਾਇ ਜੀਉ ॥ ਹਰਿ ਨਾਮੁ ਪਦਾਰਥੁ ਕਲਿਜੁਗਿ ਊਤਮੁ ਹਰਿ ਜਪੀਐ ਸਤਿਗੁਰ ਭਾਇ ਜੀਉ ॥੨॥ ਹਰਿ ਹਰਿ ਮਨਿ ਭਾਇਆ ਪਰਮ ਸੁਖ ਪਾਇਆ ਹਰਿ ਲਾਹਾ ਪਦੁ ਨਿਰਬਾਣੁ ਜੀਉ ॥ ਹਰਿ ਪ੍ਰੀਤਿ ਲਗਾਈ ਹਰਿ ਨਾਮੁ ਸਖਾਈ ਭ੍ਰਮੁ ਚੂਕਾ ਆਵਣੁ ਜਾਣੁ ਜੀਉ ॥ ਆਵਣ ਜਾਣਾ ਭ੍ਰਮੁ ਭਉ ਭਾਗਾ ਹਰਿ ਹਰਿ ਹਰਿ ਗੁਣ ਗਾਇਆ ॥ ਜਨਮ ਜਨਮ ਕੇ ਕਿਲਵਿਖ ਦੁਖ ਉਤਰੇ ਹਰਿ ਹਰਿ ਨਾਮਿ ਸਮਾਇਆ ॥ ਜਿਨ ਹਰਿ ਧਿਆਇਆ ਧੁਰਿ ਭਾਗ ਲਿਖਿ ਪਾਇਆ ਤਿਨ ਸਫਲੁ ਜਨਮੁ ਪਰਵਾਣੁ ਜੀਉ ॥ ਹਰਿ ਹਰਿ ਮਨਿ ਭਾਇਆ ਪਰਮ ਸੁਖ ਪਾਇਆ ਹਰਿ ਲਾਹਾ ਪਦੁ ਨਿਰਬਾਣੁ ਜੀਉ ॥੩॥ ਜਿਨੑ ਹਰਿ ਮੀਠ ਲਗਾਨਾ ਤੇ ਜਨ ਪਰਧਾਨਾ ਤੇ ਊਤਮ ਹਰਿ ਹਰਿ ਲੋਗ ਜੀਉ ॥ ਹਰਿ ਨਾਮੁ ਵਡਾਈ ਹਰਿ ਨਾਮੁ ਸਖਾਈ ਗੁਰ ਸਬਦੀ ਹਰਿ ਰਸ ਭੋਗ ਜੀਉ ॥ ਹਰਿ ਰਸ ਭੋਗ ਮਹਾ ਨਿਰਜੋਗ ਵਡਭਾਗੀ ਹਰਿ ਰਸੁ ਪਾਇਆ ॥ ਸੇ ਧੰਨੁ ਵਡੇ ਸਤ ਪੁਰਖਾ ਪੂਰੇ ਜਿਨ ਗੁਰਮਤਿ ਨਾਮੁ ਧਿਆਇਆ ॥ ਜਨੁ ਨਾਨਕੁ ਰੇਣੁ ਮੰਗੈ ਪਗ ਸਾਧੂ ਮਨਿ ਚੂਕਾ ਸੋਗੁ ਵਿਜੋਗੁ ਜੀਉ ॥ ਜਿਨੑ ਹਰਿ ਮੀਠ ਲਗਾਨਾ ਤੇ ਜਨ ਪਰਧਾਨਾ ਤੇ ਊਤਮ ਹਰਿ ਹਰਿ ਲੋਗ ਜੀਉ ॥੪॥੩॥੧੦॥

ਮਨੁੱਖੀ ਜੀਵਨ ਦਾ ਪਰਮ ਉਦੇਸ਼ ਨਾਮ ਸਿਮਰਨ ਹੈ ।ਇਸ ਨਾਲ ਜੀਵਨ ਦੇ ਦੁਖਾਂ ਦਾ ਅੰਤ ਹੋ ਜਾਂਦਾ ਹੈ ਤੇ ਸਹਜ ਸੁੱਖ ਦੀ ਪ੍ਰਾਪਤੀ ਹੁੰਦੀ ਹੈ ।ਮਨੁੱਖ ਨੂੰ ਪ੍ਰਭੂ ਪਾਸੋਂ ਐਸੇ ਪਵਿੱਤਰ ਨਾਮ ਦੀ ਦਾਤ ਮੰਗਣੀ ਚਾਹੀਦੀ ਹੈ ।ਇਸ ਨਾਮ ਨੂੰ ਲਗਾਤਾਰ ਜਪਦੇ ਰਹਿਣਾ ਹੈ ਨਾਮ (ਗੁਰਬਾਣੀ) ਵਿਚ ਬਿਆਨ ਕੀਤੇ ਆਤਮਕ ਗੁਣਾ ਨੂੰ ਪੜ੍ਹਨਾ ਸੁਣਨਾ ਸਮਝਣਾ ਤੇ ਵਰਤੋਂ ਵਿਹਾਰ ਵਿਚ ਲਿਆਉਣਾ ਹੈ ।ਇਸਤਰ੍ਹਾਂ ਮਨ ਅੰਤਰ ਵਿਚ ਇਨ੍ਹਾਂ ਗੁਣਾ ਦਾ ਪ੍ਰਕਾਸ਼ ਹੋ ਜਾਂਦਾ ਹੈ ਅਤੇ ਅਉਗਣਾ ਤੋਂ ਬੱਚੇ ਰਹਿਣ ਲਈ ਮਨੁਖ ਸਾਵਧਾਨ ਰਹਿੰਦਾ ਹੈ ।ਅਤਿ ਦੇ ਮਾੜੇ ਹਾਲਾਤ (ਕਲਿਜੁਗ) ਵਿਚ ਵੀ ਇਹ ਨਾਮ ਮਨੁੱਖ ਦਾ ਸਹਾਈ ਰਹਿੰਦਾ ਹੈ ।ਮਨ ਅੰਤਰ ਵਿਚ ਪ੍ਰਭੂ ਨਾਮ(ਆਤਮਿਕ ਗੁਣਾ) ਨਾਲ ਪ੍ਰੀਤ ਲਗ ਜਾਂਦੀ ਹੈ ਤੇ ਇਹ ਗੁਣ ਮਨੁੱਖੀ ਅਚਰਣ ਦਾ ਹਿੱਸਾ ਬਣ ਜਾਂਦੇ ਹੈ ।ਫ਼ਿਰ ਭਲੀ ਭਾਂਤ ਜੀਵਨ ਦੇ ਵਰਤੋਂ ਵਿਹਾਰ (ਆਵਣ-ਜਾਣ) ਦੀ ਸੋਝੀ ਹੋ ਜਾਂਦੀ ਹੈ ਤੇ ਜੀਵਨ ਉਦੇਸ਼ ਦੀ ਸਮਝ ਆ ਜਾਣ ਨਾਲ ਮਨੁੱਖ ਸੰਸਾਰ ਦੇ ਮਾਇਆ ਜਾਲ ਵਿਚ ਨਹੀਂ ਫਸਦਾ ਤੇ ਮੁਕਤ ਪਦ ਨੂੰ ਪ੍ਰਾਪਤੀ ਕਰ ਲੈਂਦਾ ਹੈ ।ਅਜਿਹੇ ਨਾਮ ਰੱਸੀਏ ਮਨੁੱਖ ਮਨੁੱਖਤਾ ਦੇ ਰਹਿਬਰ ਤੇ ਉਤਮ ਪੁਰਸ਼ ਹੁੰਦੇ ਹਨ ।ਉਹ ਮਨ ਅੰਤਰ ਵਿਚ ਪ੍ਰਭੂ ਦੇ ਨਾਮ ਦਾ ਰਸ ਮਾਣਦੇ ਮਹੇਸ਼ਾ ਆਨੰਦ ਵਿਚ ਰਹਿੰਦੇ ਹਨ ।ਅਜਿਹੇ ਉਤਮ ਇਨਸਾਨਾ ਪਾਸੋਂ ਨਿਮਰਤਾ ਨਾਲ ਪ੍ਰਭੂ ਨਾਮ ਦੀ ਦਾਤ ਮੰਗਣੀ ਚਾਹੀਦੀ ਹੈ ।